# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।
## ਪ੍ਰੈਸ ਨੋਟ

## ਤਹਿਬਜ਼ਾਰੀ ਟੀਮ ਨੇ ਨਗਰ ਨਿਗਮ ਦੀ ਜਗ੍ਹਾ ਦੇ ਕਬਾੜ ਦਾ ਕੰਮ ਕਰ ਰਹੇ ਦੁਕਾਨਦਾਰਾਂ ਦਾ ਸਮਾਨ ਕਬਜ਼ੇ ਵਿੱਚ ਲਿਆ...........ਕਾਰਜ ਸਾਧਕ ਅਫਸਰ

ਹੁਸ਼ਿਆਰਪੁਰ 08 ਜੂਨ ਨਗਰ ਨਿਗਮ ਵੱਲੋਂ ਨਜਾਇਜ਼ ਕਬਜ਼ੇ ਹਟਾਉਣ ਸਬੰਧੀ ਚਲਾਈ ਜਾ ਰਹੀ ਮੁਹਿੰਮ ਤਹਿਤ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇੰਸਪੈਕਟਰ ਸੰਜੀਵ ਅਰੋੜਾ ਦੀ ਅਗਵਾਈ ਹੇਠ ਨਗਰ ਨਿਗਮ ਦੀ ਤਹਿਬਜ਼ਾਰੀ ਟੀਮ ਨੇ ਵਿਸ਼ੇਸ ਤੌਰ ਤੇ ਭਗਵਾਨ ਮਹਾਵੀਰ ਸੇਤੂ ਦੇ ਨਜ਼ਦੀਕ ਸੜਕ ਤੇ ਕਬਾੜ ਦਾ ਕੰਮ ਕਰ ਰਹੇ ਦੁਕਾਨਦਾਰਾਂ ਵੱਲੋਂ ਨਗਰ ਨਿਗਮ ਦੀ ਜਗ੍ਹਾ ਤੇ ਰੱਖੇ ਸਮਾਨ ਨੂੰ ਆਪਣੇ ਕਬਜ਼ੇ ਵਿੱਚ ਲਿਆ ਅਤੇ ਉਨਾਂ ਨੂੰ ਆਪਣਾ ਸਮਾਨ ਦੁਕਾਨਾਂ ਦੇ ਅੰਦਰ ਹੀ ਰੱਖਣ ਦੀ ਹਦਾਇਤ ਕੀਤੀ। ਉਹਨਾਂ ਕਿਹਾ ਕਿ ਦੁਕਾਨਦਾਰ ਆਪਣਾ ਸਮਾਨ ਦੁਕਾਨਾਂ ਦੇ ਅੰਦਰ ਹੀ ਰੱਖਣ ਨਗਰ ਨਿਗਮ ਦੀ ਜਗ੍ਹਾ ਤੇ ਰੱਖਣ ਵਾਲੇ ਦੁਕਾਨਦਾਰਾਂ ਦਾ ਸਮਾਨ ਕਬਜ਼ੇ ਵਿੱਚ ਲੈ ਕੇ ਚਲਾਨ ਕੱਟਿਆ ਜਾਵੇਗਾ ਅਤੇ ਜੁਰਮਾਨੇ ਵੀ ਕੀਤੇ ਜਾਣਗੇ। ਇੰਸਪੈਕਟਰ ਸੰਜੀਵ ਅਰੋੜ ਦੀ ਅਗਵਾਈ ਗਈ ਤਹਿਬਜ਼ਾਰੀ ਟੀਮ ਵਿੱਚ ਇੰਸਪੈਕਟਰ ਜ਼ਸਵੀਰ ਸਿੰਘ, ਸੰਨੀ, ਗੋਰਵ ਸ਼ਰਮਾ, ਅਮਨਦੀਪ ਅਤੇ ਕੁਲਵਿੰਦਰ ਸਿੰਘ ਵੀ ਸ਼ਾਮਿਲ ਸਨ।